ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ
(ਦਫਤਰ: ਮੁੱਖ ਇੰਜੀਨੀਅਰ/ ਵਣਜ਼, ਪਟਿਆਲਾ)

ਵੱਲ :

ਵੰਣਜ਼ ਗਸ਼ਤੀ ਪੱਤਰ ਨੰ:45 /2011

ਸਾਰੇ ਇੰਜੀਨੀਅਰ-ਇੰਨ-ਚੀਫ / ਮੁੱਖ ਇੰਜੀਨੀਅਰਜ਼ (ਵੰਡ)
ਅਧੀਨ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ। 2 ਕਾਪੀਆਂ

ਮੀਮੋ ਨੰ: 24968/972 ਐਸ.ਐਸ.ਐਮ.414/ਟਿਊਬਵੈੱਲ ਪਾਲਿਸੀ
ਮਿਤੀ 17-11-11

**ਵਿਸ਼ਾ ਹਰੀਜਨ ਫਾਰਮਰਜ਼ ਕੋਆਪਰੇਟਿਵ ਸੁਸਾਇਟੀ ਦੀ ਜਮੀਨ ਦੀ ਸਿੰਚਾਈ ਲਈ ਟਿਊਬਵੈੱਲ ਕੁਨੈਕਸ਼ਨ ਪਹਿਲ ਦੇ ਆਧਾਰ ਤੇ ਜਾਰੀ ਕਰਨ ਸੰਬੰਧੀ।**

ਪੰਜਾਬ ਸਰਕਾਰ ਵੱਲੋਂ ਸਾਲ 2011-12 ਦੌਰਾਨ ਰਾਜ ਵਿਚ ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨ ਜਾਰੀ ਕਰਨ ਲਈ ਪ੍ਰਵਾਨ ਕੀਤੀ ਏ.ਪੀ. ਪਾਲਿਸੀ/ਗਾਈਡਲਾਈਨਜ਼ ਜ਼ੋ ਕਿ ਵਣਜ ਗਸ਼ਤੀ ਪੱਤਰ ਨੰ:34/2011 ਮਿਤੀ:26-07-2011 ਰਾਹੀਂ ਸਰਕੂਲੇਟ ਕੀਤੀ ਗਈ ਸੀ, ਦੇ ਅਨੈਕਸ਼ਚਰ-iv ਅਨੁਸਾਰ ਹਰੀਜਨ ਫਾਰਮਰਜ਼ ਕੋਆਪਰੇਟਿਵ ਸੁਸਾਇਟੀ ਦੀ ਜਮੀਨ ਦੀ ਸਿੰਚਾਈ ਲਈ ਟਿਊਬਵੈੱਲ ਕੁਨੈਕਸ਼ਨ ਪਹਿਲ ਦੇ ਆਧਾਰ ਤੇ ਜਾਰੀ ਕਰਨ ਦੀ ਪਹਿਲਤਾ ਦਾ ਪ੍ਰਾਵਧਾਨ ਕੀਤਾ ਗਿਆ ਹੈ। ਫੀਲਡ ਅਧਿਕਾਰੀਆਂ ਵੱਲੋਂ ਇਹ ਸਪੱਸ਼ਟੀਕਰਨ ਮੰਗਿਆ ਜਾ ਰਿਹਾ ਹੈ ਕਿ ਇਸ ਪਹਿਲਤਾ ਅਧੀਨ ਜਿੱਥੇ ਹਰੀਜਨ ਫਾਰਮਰਜ਼ ਕੋਆਪਰੇਟਿਵ ਸੁਸਾਇਟੀ ਕੋਲ ਖੇਤੀਬਾੜੀ ਜਮੀਨ ਦਾ ਰਕਬਾ ਬਹੁਤ ਜਿਆਦਾ ਹੈ, ਨੂੰ ਇੱਕ ਤੋਂ ਵੱਧ ਟਿਊਬਵੈੱਲ ਕੁਨੈਕਸ਼ਨ ਜਾਰੀ ਕੀਤੇ ਜਾ ਸਕਦੇ ਹਨ ਜਾਂ ਨਹੀਂ ।

ਉਪਰੋਕਤ ਦੇ ਮੱਦੇ-ਨਜ਼ਰ ਮਾਮਲਾ ਵਿਚਾਰਿਆ ਗਿਆ ਅਤੇ ਇਹ ਫੈਸਲਾ ਕੀਤਾ ਗਿਆ ਹੈ ਕਿ ਜਿਵੇਂ ਗ੍ਰਾਮ ਪੰਚਾਇਤਾਂ ਨੂੰ ਸੀ.ਸੀ.25/2011 ਮਿਤੀ:21-06-2011 ਮੁਤਾਬਿਕ ਮੈਰਿਟ ਦੇ ਆਧਾਰ ਤੇ ਇੱਕ ਤੋਂ ਵੱਧ ਟਿਊਬਵੈੱਲ ਕੁਨੈਕਸ਼ਨ ਪਹਿਲ ਦੇ ਆਧਾਰ ਤੇ ਜਾਰੀ ਕਰਨ ਦਾ ਪ੍ਰਾਵਧਾਨ ਹੈ, ਇਸੇ ਤਰ੍ਹਾਂ ਹਰੀਜਨ ਫਾਰਮਰਜ਼ ਕੋਆਪਰੇਟਿਵ ਸੋਸਾਇਟੀ, ਜਿਨ੍ਹਾਂ ਕੋਲ ਖੇਤੀਬਾੜੀ ਜਮੀਨ ਦਾ ਰਕਬਾ ਬਹੁਤ ਜਿਆਦਾ ਹੈ, ਨੂੰ ਵੀ ਇਸ ਪਹਿਲਤਾ ਅਧੀਨ ਮੈਰਿਟ ਦੇ ਆਧਾਰ ਤੇ ਇੱਕ ਤੋਂ ਵੱਧ ਟਿਊਬਵੈੱਲ ਕੁਨੈਕਸ਼ਨ ਦੇਣ ਲਈ ਵਧੀਕ ਨਿਗਰਾਨ ਇੰਜਨੀਅਰ/ਸੀਨੀ:ਕਾ:ਕਾ:ਇੰਜੀ: (ਵੰਡ) ਅਧਿਕਾਰਿਤ ਹੋਣਗੇ ਅਤੇ ਅਜਿਹੀ ਪਹਿਲਤਾ ਨੂੰ ਕਾਰਜਬਾਦ ਮਨਜ਼ੂਰੀ ਉਨ੍ਹਾਂ ਵੱਲੋਂ ਹਲਕੇ ਦੇ ਉਪ ਮੁੱਖ ਇੰਜੀ:/ਨਿਗਰਾਨ ਇੰਜੀ:/ਵੰਡ ਕੋਲੋਂ ਬਾਅਦ ਵਿਚ ਲੈ ਲਈ ਜਾਵੇਗੀ। ਇਸ ਸੰਬੰਧੀ ਮੌਜੂਦਾ ਲਾਗੂ ਹਦਾਇਤਾਂ ਵਿਚ ਉਪਰੋਕਤ ਅਨੁਸਾਰ ਸੋਧ ਕੀਤੀ ਜਾਂਦੀ ਹੈ।

12.11.11
ਉਪ ਮੁੱਖ ਇੰਜੀਨੀਅਰ/ਵਿਕਰੀ-1,
ਵਾ: ਮੁੱਖ ਇੰਜੀਨੀਅਰ/ਵਣਜ,
ਪੰ:ਰਾ:ਪਾ:ਕਾ:ਲਿ:,ਪਟਿਆਲਾ ।

ਪਿੱਠ ਅੰਕਣ 24973/25008 / ਐਸ.ਐਸ.ਐਮ.414/ਟਿਊਬਵੈੱਲ ਪਾਲਿਸੀ ਮਿਤੀ 17-11-11

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ,ਪੰ:ਰਾ:ਪਾ:ਕਾ:ਲਿਮਟਿਡ, ਪਟਿਆਲਾ।

2) ਸਾਰੇ ਨਿਰਦੇਸ਼ਕ,ਪੰ:ਰਾ:ਪਾ:ਕਾ:ਲਿਮਟਿਡ,ਪਟਿਆਲਾ।

3) ਵਿੱਤ ਕਮਿਸ਼ਨਰ/ ਫਾਇਨਾਸ਼ ਟੂ ਗੋਰਮਿੰਟ ਪੰਜਾਬ ਐਕਸ-ਆਫੀਸੋ ਮੈਂਬਰ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ, ਚੰਡੀਗੜ੍ਹ ।

4) ਸਕੱਤਰ/ ਬਿਜਲੀ ਵਿਭਾਗ, ਪੰਜਾਬ ਸਰਕਾਰ, ਚੰਡੀਗੜ ।

5) ਸਕੱਤਰ, ਪੰਜਾਬ ਸਰਕਾਰ/ਇੰਡ: ਅਤੇ ਕਾਮਰਸ਼ ਵਿਭਾਗ, ਪੰਜਾਬ ਸਰਕਾਰ,ਚੰਡੀਗੜ ।

6) ਪ੍ਰੈਜੀਡੈਂਟ, ਸਟੇਟ ਡਿਸਪਿਊਟ ਰਿਡਰੈਸਲ ਕਮਿਸ਼ਨ (ਪੰਜਾਬ) SCO ਨੰ:3009-10, ਸੈਕਟਰ-22, ਚੰਡੀਗੜ੍ਹ।

7) ਮੁੱਖ ਇੰਜਨੀਅਰ/ਚੇਅਰਮੈਨ (ਫੋਰਮ),ਪੀ-1,ਵਾਈਟ ਹਾਊਸ ਰਾਜਪੁਰਾ ਕਲੋਨੀ, ਪਟਿਆਲਾ।

8) ਸਕੱਤਰ/ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ,ਐਸ.ਸੀ.ਓ.ਨੰ:220-221, ਸੈਕਟਰ-34 ਏ. ਚੰਡੀਗੜ੍ਹ ਨੂੰ ਸੂਚਨਾ ਹਿੱਤ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਹਦਾਇਤਾਂ ਦੀ Ex-Post-facto ਪ੍ਰਵਾਨਗੀ ਦੇਣ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

9) Ombudsman, Electricity Punjab 66 KV Grid Sub-Station, Plot No.A-2, Industrial Area, Phase-1, SAS Nagar (Mohali)-160055.

10) ਨਿੱਜੀ ਸਕੱਤਰ ਟੂ ਬਿਜਲੀ ਮੰਤਰੀ ,ਪੰਜਾਬ ਸਿਵਲ ਸਕੱਤਰੇਤ, ਪੰਜਾਬ ਸਰਕਾਰ, ਚੰਡੀਗੜ੍ਹ।

11) ਮੁੱਖ ਬਿਜਲੀ ਇੰਸਪੈਕਟਰ, ਪੰਜਾਬ ਸਰਕਾਰ, ਪਟਿਆਲਾ।

12) ਚੀਫ ਕੋ-ਆਰਡੀਨੇਟਰ, ਉਦਯੋਗ ਸਹਾਇਕ ਡਾਇਰੈਕਟਰ ਆਫ ਇੰਡਸਟ੍ਰੀਜ਼, ਪੰਜਾਬ ਸੈਕਟਰ-17, ਚੰਡੀਗੜ੍ਹ

13) ਨਿਗਰਾਨ ਇੰਜ:/ਆਈ.ਟੀ.,ਪੰ:ਰਾ:ਪਾ:ਕਾ:ਲਿਮਟਿਡ,ਪਟਿਆਲਾ ਨੂੰ ਪੀ.ਐਸ.ਪੀ.ਸੀ.ਐਲ. ਦੀ ਵੈੱਬ ਸਾਈਟ ਤੇ ਅਪਲੋਡ ਕਰਨ ਹਿੱਤ।

14) ਉੱਪ ਮੁੱਖ ਇੰਜ:/ਸੇਲਜ਼-1, ਉੱਪ ਮੁੱਖ ਇੰਜ:/ਸੇਲਜ਼-2 & ਉੱਪ ਮੁੱਖ ਇੰਜ:/ਬਿਲਿੰਗ।

ਵਧੀਕ ਨਿਗ:ਇੰਜ:/ਵਿਕਰੀ-2,
ਵਾਸਤੇ ਮੁੱਖ ਇੰਜੀਨੀਅਰ/ਵੰਣਜ਼,
ਪੰ:ਰਾ:ਪਾ:ਕਾ:ਲਿਮ:,ਪਟਿਆਲਾ।